**ਦਫਤਰ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ, ਲੋਕ ਨਿਰਮਾਣ ਵਿਭਾਗ, ਭਵਨ ਤੇ ਮਾਰਗ ਸ਼ਾਖਾ, ਮੋਰਿੰਡਾ**

**Email.ID** subdivisionmorindapwd@gmail.com

ਵੱਲ

ਪ੍ਰਿੰਸੀਪਲ,

ਇਰਵਿੰਗਸ ਪਾਰਕ ਸਮਾਰਟ ਸਕੂਲ,

ਰਤਨਗੜ੍ਹ, ਮੋਰਿੰਡਾ ਚੁੰਨੀ ਰੋਡ,

ਮੋਰਿੰਡਾ (ਰੂਪਨਗਰ)।

ਮੀਮੋ ਨੰ. 284 ਮਿਤੀ: 24/05/24

**ਵਿਸ਼ਾ:-** **ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ ਸਾਲ 2024-25**

**ਹਵਾਲਾ:-** **ਆਪ ਦਾ ਬੇਨਤੀ ਪੱਤਰ ਮਿਤੀ: 23.05.2024**

*******

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਦੇ ਸਕੂਲ ਇਰਵਿੰਗਸ ਪਾਰਕ ਸਮਾਰਟ ਸਕੂਲ, ਰਤਨਗੜ੍ਹ, ਮੋਰਿੰਡਾ ਚੁੰਨੀ ਰੋਡ,ਮੋਰਿੰਡਾ (ਰੂਪਨਗਰ) ਦੀ ਬਿਲਡਿੰਗ ਦਾ ਇਸ ਦਫ਼ਤਰ ਦੇ ਸ੍ਰੀ ਬਲਜੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਨਿਰੀਖਣ ਕੀਤਾ ਹੈ, ਨਿਰੀਖਣ ਕਰਨ ਉਪਰੰਤ ਜੂਨੀਅਰ ਇੰਜੀਨੀਅਰ ਦੀ ਰਿਪੋਰਟ ਅਨੁਸਾਰ ਉਕਤ ਬਿਲਡਿੰਗ ਸੇਫ ਹੈ। ਜੂਨੀਅਰ ਇੰਜੀਨੀਅਰ ਦੀ ਰਿਪੋਰਟ ਦੇ ਅਧਾਰ ਤੇ ਆਪ ਨੂੰ ਉਪਰੋਕਤ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2024-25, **ਸਮਾਂ 31.03.2025 (ਇਕੱਤੀ ਮਾਰਚ ਦੋ ਹਜ਼ਾਰ ਪੱਚੀ) ਤੱਕ** ਦੇ ਸਮੇਂ ਲਈ ਜਾਰੀ ਕੀਤਾ ਜਾਂਦਾ ਹੈ। ਇਹ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ ਕਿ:-

1) ਸਕੂਲ ਬਿਲਡਿੰਗ ਦੀ ਬਾਹਰੀ ਦਿੱਖ ਤੋਂ ਅੰਦਰੂਨੀ ਸਟਰਕਚਰਲ ਸਟੇਬਿਲਟੀ ਚੈਕ ਨਹੀਂ ਕੀਤੀ ਜਾ ਸਕਦੀ। ਇਸ ਲਈ ਜੇਕਰ ਕਿਸੇ ਵੀ ਸਮੇਂ ਬਿਲਡਿੰਗ ਦੇ ਸਟਰਕਚਰਲ ਡਿਜ਼ਾਈਨ ਵਿੱਚ ਕਮੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਇਸ ਲਈ ਸਕੂਲ ਅਥਾਰਿਟੀ ਖੁਦ ਜ਼ਿੰਮੇਵਾਰ ਹੋਵੇਗੀ।

2) ਜੇਕਰ ਸਕੂਲ ਅਥਾਰਟੀ ਵੱਲੋਂ ਬਿਲਡਿੰਗ ਵਿੱਚ ਕਿਸੇ ਵੀ ਤਰ੍ਹਾਂ ਦੀ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕੀਤੀ ਜਾਂਦੀ ਹੈ ਤਾਂ ਉਹ ਕਿਸੀ ਟੈਕਨੀਕਲ ਕੁਆਲੀਫਾਈਡ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਈ ਜਾਵੇ ਅਤੇ ਉਸ ਇੰਜੀਨੀਅਰ ਤੋਂ ਸਰਟੀਫਿਕੇਟ ਲਿਆ ਜਾਵੇ ਕਿ ਇਸ ਅਡੀਸ਼ਨ/ਅਲਟਰੇਸ਼ਨ ਅਤੇ ਮੋਡੀਫਿਕੇਸ਼ਨ ਕਰਨ ਨਾਲ ਬਿਲਡਿੰਗ ਸਟਰਕਚਰਲੀ ਸੇਫ ਰਹੇਗੀ ਅਤੇ ਇਹ ਕੰਮ ਕਰਨ ਤੋਂ ਬਾਅਦ ਸਕੂਲ ਵੱਲੋਂ ਦੁਬਾਰਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਲਿਆ ਜਾਵੇਗਾ।

3) ਜੇਕਰ ਬਿਲਡਿੰਗ ਨੂੰ ਕੁਦਰਤੀ ਆਫਤ ਜਿਵੇਂ ਕਿ ਹੜ੍ਹ/ਭੂਚਾਲ ਆਦਿ ਨਾਲ ਨੁਕਸਾਨ ਹੁੰਦਾ ਹੈ ਅਤੇ ਦੀਵਾਰਾਂ/ਨੀਹਾਂ ਵਿੱਚ ਕਿਸੇ ਤਰ੍ਹਾਂ ਦੀ ਸੈਟਲਮੈਂਟ ਅਤੇ ਛੱਤਾਂ ਵਿੱਚ ਸੈਗਿੰਗ ਆਉਂਦੀ ਹੈ ਤਾਂ ਸਕੂਲ ਅਥਾਰਟੀ ਤੁਰੰਤ ਇਸ ਵਿਭਾਗ ਦੇ ਧਿਆਨ ਵਿੱਚ ਲਿਆਵੇਗੀ।

4) ਅੱਗ ਬਝਾਊ ਯੰਤਰ ਸਬੰਧਿਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਤਸੱਲੀਬਖਸ਼/ਚਾਲੂ ਹਾਲਤ ਵਿੱਚ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ। ਫਾਇਰ ਸੇਫਟੀ ਸਰਟੀਫਿਕੇਟ ਨਵੀਨੀਕਰਨ ਦੀ ਨਿਰੋਲ ਜਿੰਮੇਵਾਰੀ ਆਪ ਦੇ ਸਕੂਲ ਦੀ ਹੋਵੇਗੀ।

5) ਇਹ ਸਰਟੀਫਿਕੇਟ ਕਿਸੇ ਵੀ ਤਰ੍ਹਾਂ ਦੇ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

6) ਰੋਡ ਅਕਸੈਸ ਦੀ ਫੀਸ ਜਮਾਂ ਕਰਵਾਉਣ ਸਬੰਧੀ ਮਾਨਯੋਗ ਹਾਈ ਕੋਰਟ ਵਿੱਚ ਕੇਸ ਚੱਲ ਰਿਹਾ ਹੈ। ਮਾਨਯੋਗ ਕੋਰਟ ਦਾ ਕਿਸੇ ਵੀ ਤਰਾਂ ਦਾ ਫੈਸਲਾ ਮੰਨਣ ਦੇ ਆਪ ਪਾਬੰਦ ਹੋਵੋਗੇ।

7) ਜੇਕਰ ਆਪ ਦਾ ਸਕੂਲ ਸ਼ਡਿਊਲਡ ਰੋਡ ਤੇ ਪੈਂਦਾ ਹੈ ਤਾਂ ਮੇਨ ਸੜਕ ਦੇ ਸੈਂਟਰ ਤੋਂ 40 ਮੀਟਰ ਦੀ ਦੂਰੀ ਤੱਕ ਵਿਭਾਗ ਦੀ ਮੰਨਜ਼ੂਰੀ ਤੋਂ ਬਿਨਾਂ ਕਿਸੇ ਵੀ ਪ੍ਰਕਾਰ ਦੀ ਉਸਾਰੀ ਨਾ ਕੀਤੀ ਜਾਵੇ।

ਉਪਰੋਕਤ ਸ਼ਰਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ, ਜੇਕਰ ਆਪ ਵੱਲੋਂ ਕੋਈ ਵੀ ਅਣਗਹਿਲੀ/ਢਿੱਲ ਵਰਤੀ ਜਾਂਦੀ ਹੈ ਤਾਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਤਤਕਾਲ ਸਮੇਂ ਤੋਂ ਰੱਦ ਸਮਝਿਆ ਜਾਵੇਗਾ।

ਨੱਥੀ/ ਸਰਟੀਫਿਕੇਟ

ਉਪ ਮੰਡਲ ਇੰਜੀਨੀਅਰ,

ਉਸਾਰੀ ਉਪ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,

ਮੋਰਿੰਡਾ